# ਦਫ਼ਤਰ ਜਿਲ੍ਹਾ ਮੈਜਿਸਟਰੇਟ, ਬਰਨਾਲਾ

(ਐਮ.ਏ ਸ਼ਾਖਾ)

**ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਹੁਕਮ ਜ਼ਿਲ੍ਹਾ ਬਰਨਾਲਾ।**

**ਹੁਕਮ ਨੰ:.235../ ਐਮ.ਏ.** ਮਿਤੀ.......24/04../2019

## ਹੁਕਮ

ਨਿਮਨ-ਹਸਤਾਖਰ ਦੇ ਧਿਆਨ ਵਿੱਚ ਆਇਆ ਹੈ ਕਿ ਜਿਲ੍ਹਾ ਬਰਨਾਲਾ ਅੰਦਰ ਕਈ ਹੋਟਲ, ਮੈਰਿਜ ਪੈਲੇਸ ਅਤੇ ਰੈਸਟੋਰੈਂਟ ਚੱਲ ਰਹੇ ਹਨ ਜਾਂ ਨਵੇਂ ਬਣਾਏ ਜਾ ਰਹੇ ਹਨ, ਜਿਨ੍ਹਾਂ ਵਿਚ ਕਈ ਤਰ੍ਹਾਂ ਦੀਆਂ ਤਕਨੀਕੀ ਪੱਖਾਂ ਤੋਂ ਕਮੀਆਂ ਰਹਿ ਜਾਂਦੀਆਂ ਹਨ, ਜੋ ਉਥੇ ਜਾਣ ਵਾਲੀ ਜਨਤਾ ਲਈ ਖਤਰੇ ਦਾ ਕਾਰਨ ਬਣ ਜਾਂਦੀਆਂ ਹਨ। ਜਿਸ ਨਾਲ ਜਾਨ ਤੇ ਮਾਲ ਦਾ ਨੁਕਸਾਨ ਹੋ ਸਕਦਾ ਹੈ। ਇੰਨ੍ਹਾਂ ਮੈਰਿਜ ਪੈਲੇਸਾਂ, ਹੋਟਲਾਂ ਅਤੇ ਰੈਸਟੋਰੈਟਾਂ ਦੀ ਤਾਮੀਰ ਕਈ ਪ੍ਰਕਾਰ ਦੇ ਮੁੱਢਲੇ ਪੱਖਾਂ, ਜਿਵੇਂ ਇਮਾਰਤਾਂ ਦੀ ਬਣਤਰ, ਬਿਜਲੀ ਫਿਟਿੰਗ, ਸਾਈਟ ਲਈ ਢੁੱਕਵੀਂ ਜਗ੍ਹਾ, ਪਾਰਕਿੰਗ ਨਾਲ ਲੱਗਦੀਆਂ ਸੜਕਾਂ ਤੋਂ ਜਾਇਜ ਦੂਰੀ, ਸੁਰੱਖਿਆ ਆਦਿ ਦੀ ਪੁਸ਼ਟੀ ਲਈ ਜਰੂਰੀ ਬਣ ਜਾਂਦਾ ਹੈ ਕਿ ਇਹਨਾਂ ਦੇ ਮਾਲਕ ਪੁੱਡਾ/ਟਾਊਨ ਪਲਾਨਰ ਦੇ ਦਫਤਰ ਵਿੱਚੋਂ ਲੋੜੀਂਦੀ ਪ੍ਰਵਾਨਗੀ ਪ੍ਰਾਪਤ ਕਰਨ।

ਇਸ ਲਈ ਜਾਬਤਾ ਫੌਜਦਾਰੀ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਮੈਂ, **ਤੇਜ ਪ੍ਰਤਾਪ ਸਿੰਘ ਫੂਲਕਾ, ਆਈ.ਏ.ਐਸ, ਜਿਲ੍ਹਾ ਮੈਜਿਸਟਰੇਟ, ਬਰਨਾਲਾ** ਇਹ ਹੁਕਮ ਦਿੰਦਾ ਹਾਂ ਕਿ ਜਿਲ੍ਹਾ ਬਰਨਾਲਾ ਵਿੱਚ ਜੋ ਵੀ ਮੈਰਿਜ ਪੈਲੇਸ, ਹੋਟਲ ਅਤੇ ਰੈਸਟੋਰੈਂਟ ਬਨਾਉਣ ਦੇ ਚਾਹਵਾਨ ਹਨ ਜਾਂ ਜੋ ਮੈਰਿਜ ਪੈਲੇਸ, ਹੋਟਲ ਅਤੇ ਰੈਂਸਟੋਰੈਂਟ ਪਹਿਲਾਂ ਹੀ ਚੱਲਦੇ ਹਨ, ਉਹਨਾਂ ਦੇ ਮਾਲਕ ਲੋੜੀਂਦੀ ਪ੍ਰਵਾਨਗੀ ਪ੍ਰਾਪਤ ਕਰਨ। ਇਸ ਪ੍ਰਵਾਨਗੀ ਦੀ ਕਾਪੀ ਹੋਟਲ, ਮੈਰਿਜ ਪੈਲਸ ਅਤੇ ਰੈਸਟੋਰੈਂਟ ਵਿੱਚ ਢੁਕਵੀਂ ਜਗ੍ਹਾ ਤੇ ਲਗਾਈ ਜਾਵੇਗੀ। ਕੋਈ ਵੀ ਮੈਜਿਸਟਰੇਟ ਜਾਂ ਪੁਲਿਸ ਅਧਿਕਾਰੀ, ਜੋ ਕਿ ਐਸ.ਐਚ.ਓ ਜਾਂ ਉਸ ਤੋਂ ਉੱਚ ਪਦ ਦਾ ਹੋਵੇਗਾ, ਕਿਸੇ ਸਮੇਂ ਵੀ ਇਹਨਾਂ ਥਾਵਾਂ ਦਾ ਨਿਰੀਖਣ ਕਰ ਸਕਦਾ ਹੈ।

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਆਮ ਲੋਕਾਂ ਦੇ ਨਾਮ ਜਾਰੀ ਕੀਤਾ ਜਾਂਦਾ ਹੈ। ਇਹ ਹੁਕਮ ਜਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ ਵੱਲੋਂ ਪ੍ਰੈਸ ਨੋਟ ਜਾਰੀ ਕਰਕੇ ਤੇ ਪ੍ਰਚਾਰ/ਮੁਨਾਦੀ ਕਰਵਾਕੇ ਅਤੇ ਇਸ ਹੁਕਮ ਦੀਆਂ ਕਾਪੀਆਂ ਦਫ਼ਤਰ ਜਿਲ੍ਹਾ ਮੈਜਿਸਟਰੇਟ/ਸੀਨੀਅਰ ਕਪਤਾਨ ਪੁਲਿਸ/ਉਪ ਮੰਡਲ ਮੈਜਿਸਟਰੇਟਾਂ/ਤਹਿਸੀਲਦਾਰਾਂ/ਪੁਲਿਸ ਸਟੇਸ਼ਨਾਂ/ਨਗਰ ਪਾਲਿਕਾਵਾਂ/ਡੀ.ਡੀ.ਪੀ.ਓ/ਬੀ.ਡੀ.ਪੀ.ਓਜ ਦਫਤਰਾਂ ਦੇ ਨੋਟਿਸ ਬੋਰਡਾਂ ਅਤੇ ਜਿਲ੍ਹਾ ਬਰਨਾਲਾ ਦੀਆਂ ਹੋਰ ਨੁਮਾਇਆ ਥਾਵਾਂ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇਗਾ।

**ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਨਾਲ ਜਾਰੀ ਹੋਇਆ, ਜੋ ਮਿਤੀ: 26/04/2019 ਤੋ ਲੈਕੇ ਮਿਤੀ: 25/06/2019 ਤੱਕ ਜਿਲ੍ਹਾ ਬਰਨਾਲਾ ਅੰਦਰ ਲਾਗੂ ਰਹੇਗਾ।**

ਤੇਜ ਪ੍ਰਤਾਪ ਸਿੰਘ ਫੂਲਕਾ, ਆਈ.ਏ.ਐਸ.
ਜਿਲ੍ਹਾ ਮੈਜਿਸਟਰੇਟ, ਬਰਨਾਲਾ।

ਜਿਲ੍ਹਾ ਮੈਜਿਸਟਰੇਟ ਬਰਨਾਲਾ

**ਪਿੱਠ ਅੰਕਣ ਨੰ:6256-6320................/ਐਮ.ਏ.** ਮਿਤੀ:25/04/2019

**ਉਪਰੋਕਤ ਦਾ ਉਤਾਰਾ ਨਿਮਨ-ਲਿਖਤ ਪਾਸ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-**

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2) ਪ੍ਰਿੰਸੀਪਲ ਸਕੱਤਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਪੰਜਾਬ ਚੰਡੀਗੜ੍ਹ।
3) ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ ਚੰਡੀਗੜ੍ਹ।
4) ਕਮਿਸ਼ਨਰ, ਪਟਿਆਲਾ ਮੰਡਲ, ਪਟਿਆਲਾ।
5) ਡੀ.ਆਈ.ਜੀ., ਪਟਿਆਲਾ ਰੇਂਜ, ਪਟਿਆਲਾ।
6) ਜਿਲ੍ਹਾ ਮੈਜਿਸਟਰੇਟ, ਫਰੀਦਕੋਟ/ਫਿਰੋਜਪੁਰ/ ਲੁਧਿਆਣਾ/ ਜਲੰਧਰ/ ਅੰਮ੍ਰਿਤਸਰ/ ਕਪੂਰਥਲਾ/ ਹੁਸ਼ਿਆਰਪੁਰ/ਪਟਿਆਲਾ/ ਮਾਨਸਾ/ਮੁਕਤਸਰ/ ਮੋਗਾ/ ਸ਼ਹੀਦ ਭਗਤ ਸਿੰਘ ਨਗਰ (ਨਵਾਂ ਸਹਿਰ)/ਫਤਿਹਗੜ੍ਹ ਸਾਹਿਬ/ਸੰਗਰੂਰ /ਗੁਰਦਾਸਪੁਰ/ ਫਾਜ਼ਿਲਕਾ/ ਪਠਾਨਕੋਟ/ ਰੂਪਨਗਰ/ਬਠਿੰਡਾ/ਤਰਨਤਾਰਨ ਅਜੀਤਗੜ੍ਹ(ਐਸ.ਏ.ਐਸ.ਨਗਰ-ਮੋਹਾਲੀ)।
7) ਜਿਲ੍ਹਾ ਅਤੇ ਸੈਸ਼ਨ ਜੱਜ, ਬਰਨਾਲਾ।
8) ਸੀਨੀਅਰ ਕਪਤਾਨ ਪੁਲਿਸ, ਬਰਨਾਲਾ।
9) ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਬਰਨਾਲਾ।
10) ਉਪ ਮੰਡਲ ਮੈਜਿਸਟਰੇਟ, ਬਰਨਾਲਾ/ਤਪਾ।
11) ਜਿਲ੍ਹਾ ਸਿੱਖਿਆ ਅਫਸਰ (ਸੈਕੰ/ਐਲੀ) ਬਰਨਾਲਾ।
12) ਕਾਰਜਕਾਰੀ ਇੰਜ: ਪੀ.ਡਬਲਯੂ.ਡੀ.(ਬੀ.ਐਂਡ ਆਰ), ਬਰਨਾਲਾ।
13) ਕਾਰਜਕਾਰੀ ਇੰਜੀ: ਪੰਜਾਬ ਸਟੇਟ ਪਾਵਰਕੋਮ ਕਾਰਪੋਰੇਸ਼ਨ ਲਿਮ: (ਸ਼ਹਿਰੀ/ਦਿਹਾਤੀ),ਬਰਨਾਲਾ।
14) ਜਿਲ੍ਹਾ ਟਾਊਨ ਪਲੈਨਰ, ਸੰਗਰੂਰ।
15) ਜਿਲ੍ਹਾ ਅਟਾਰਨੀ (ਲੀਗਲ), ਬਰਨਾਲਾ।
16) ਕਾਰਜਕਾਰੀ ਇੰਜ: ਪ੍ਰਦੂਸ਼ਣ ਕੰਟਰੋਲ ਬੋਰਡ, ਪਟਿਆਲਾ।
17) ਮੁੱਖ ਪ੍ਰਸ਼ਾਸ਼ਕ, ਪੁੱਡਾ, ਪਟਿਆਲਾ।
18) ਡਵੀਜਨਲ ਫੋਰੈਸਟ ਅਫਸਰ, ਸੰਗਰੂਰ/ਵਣ ਰੇਂਜ ਅਫ਼ਸਰ ਬਰਨਾਲਾ।
19) ਜਿਲ੍ਹਾ ਕੰਟਰੋਲਰ, ਖੁਰਾਕ ਤੇ ਸਿਵਲ ਸਪਲਾਈਜ਼, ਬਰਨਾਲਾ।
20) ਜਿਲ੍ਹਾ ਮਾਲ ਅਫ਼ਸਰ, ਬਰਨਾਲਾ/ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਬਰਨਾਲਾ।
21) ਜਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ, ਬਰਨਾਲਾ/ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਬਰਨਾਲਾ/ਮਹਿਲਕਲਾਂ/ਸ਼ਹਿਣਾ।
22) ਤਹਿਸੀਲਦਾਰ,ਬਰਨਾਲਾ/ਤਪਾ ਅਤੇ ਨਾਇਬ ਤਹਿਸੀਲਦਾਰ ਬਰਨਾਲਾ/ਭਦੌੜ/ਤਪਾ/ਧਨੌਲਾ/ਮਹਿਲਕਲਾਂ।
23) ਜਿਲ੍ਹਾ ਲੋਕ ਸੰਪਰਕ ਅਫ਼ਸਰ ਬਰਨਾਲਾ ਪਾਸ ਪ੍ਰੈਸ ਨੋਟ ਜਾਰੀ ਕਰਨ ਅਤੇ ਪ੍ਰਚਾਰ ਕਰਨ ਹਿੱਤ।
24) ਕਾਰਜਸਾਧਕ ਅਫ਼ਸਰ, ਨਗਰ ਕੌਂਸਲ ਬਰਨਾਲਾ/ਧਨੌਲਾ/ਤਪਾ/ਭਦੌੜ/ਨਗਰ ਪੰਚਾਇਤ ਹੰਡਿਆਇਆ/ਨਗਰ ਸੁਧਾਰ ਟਰੱਸਟ ਬਰਨਾਲਾ।
25) ਪੀ.ਏ. ਟੂ ਡੀ.ਐਮ./ਸਟੈਨੋ ਟੂ ਏ.ਡੀ.ਐਮ./ਏ.ਸੀ.(ਜ/ਸ਼ਿਕ) ਦਫ਼ਤਰ ਹਜਾ ਪਾਸ ਅਫ਼ਸਰ ਸਾਹਿਬਾਨ ਦੀ ਜਾਣਕਾਰੀ ਹਿੱਤ।

ਵਾ: ਜਿਲ੍ਹਾ ਮੈਜਿਸਟਰੇਟ
ਬਰਨਾਲਾ।